15ਵੀਂ ਵਿਧਾਨ ਸਭਾ
ਵਿਸ਼ੇਸ਼ (ਨੌਵਾਂ) ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 3

### ਮੰਗਲਵਾਰ, 26 ਨਵੰਬਰ, 2019

(02.00 ਵਜੇ ਬਾਅਦ ਦੁਪਹਿਰ ਤੋਂ 05.57 ਵਜੇ ਸ਼ਾਮ ਤੱਕ)

1. **ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਵੱਲੋਂ ਹੇਠ ਲਿਖਿਆ ਪ੍ਰਸਤਾਵ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:-

"ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦੇ ਚਾਲੂ ਵਿਸ਼ੇਸ਼ (ਨੌਵਾਂ) ਸਮਾਗਮ ਜੋ ਕੁਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਬੈਠਕ ਹੈ, ਦੇ ਦੌਰਾਨ ਕੇਵਲ ਸਰਕਾਰੀ  ਕੰਮਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਬੈਠਕ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ। "

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 2. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |

2. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

3. **ਸਰਕਾਰੀ ਮਤਾ**

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:-

"ਅੱਜ 26 ਨਵੰਬਰ, 2019 ਨੂੰ ਇਹ ਪਵਿੱਤਰ ਸਦਨ ਭਾਰਤੀ ਸੰਵਿਧਾਨ ਨੂੰ ਅਪਨਾਉਣ ਅਤੇ ਇਸ ਦੀ ਯਾਦਗਾਰ ਨੂੰ ਸੰਵਿਧਾਨ ਦਿਵਸ ਵਜੋਂ ਕੌਮੀ ਪੱਧਰ ਤੇ ਮਨਾਉਣ ਅਤੇ ਬਾਬਾ ਸਾਹਿਬ ਡਾ.ਭੀਮਰਾਓ ਅੰਬੇਦਕਰ ਦੇ ਵੱਡਮੁੱਲੇ ਯੋਗਦਾਨ ਅਤੇ ਸੰਵਿਧਾਨ ਦੇ ਹੋਰ ਬਾਨੀ ਮੈਂਬਰਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਇਆ ਹੈ। 26 ਨਵੰਬਰ, 1949 ਨੂੰ ਭਾਰਤ ਦੀ ਸੰਵਿਧਾਨ ਸਭਾ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਇਆ ਜੋ ਕਿ ਪੂਰਨ ਤੌਰ ਤੇ 26 ਜਨਵਰੀ, 1950 ਨੂੰ ਲਾਗੂ ਕੀਤਾ ਗਿਆ।

ਭਾਰਤ ਸਰਕਾਰ ਦੇ ਨਕਸ਼ੇ ਕਦਮਾਂ ਤੇ, ਸੰਵਿਧਾਨ ਨੂੰ ਅਪਣਾਏ ਜਾਣ ਦੀ 70ਵੀਂ ਵਰ੍ਹੇਗੰਢ ਤੇ ਪੰਜਾਬ ਰਾਜ ਸੰਵਿਧਾਨ ਦੇ ਇਕ ਅਤਿ ਮਹੱਤਵਪੂਰਨ ਢਾਂਚੇ ਅਰਥਾਤ "**ਮੌਲਿਕ ਕਰਤੱਵਾਂ**" ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਧਿਆਨ ਕੇਂਦਰਿਤ ਹੋਈ ਇੱਕ ਰਾਜ ਪੱਧਰੀ ਮੁਹਿੰਮ ਚਲਾਏਗਾ। ਇਹ 26 ਨਵੰਬਰ, 2019 ਨੂੰ ਆਰੰਭ ਹੋਵੇਗੀ ਅਤੇ 14 ਅਪ੍ਰੈਲ, 2020 ਅਰਥਾਤ ਬਾਬਾ ਸਾਹਿਬ ਅੰਬੇਦਕਰ ਜੀ ਦੀ ਜਨਮ ਵਰ੍ਹੇਗੰਢ ਵਾਲੇ ਦਿਨ ਆਪਣੇ ਸਿਖਰ ਤੇ ਪਹੁੰਚੇਗੀ ਜਿਸ ਨੂੰ ਕਿ "**ਸਮਰਸਤਾ ਦਿਵਸ** " ਦੇ ਤੌਰ ਤੇ ਮਨਾਇਆ ਜਾਂਦਾ ਹੈ।

ਇਹ ਸਦਨ  ਇਸ ਤਰ੍ਹਾਂ ਸਾਡੇ ਸੰਵਿਧਾਨ ਵਿੱਚ ਦਰਜ ਮੌਲਿਕ ਕਰਤੱਵਾਂ ਲਈ ਆਪਣੀ ਪ੍ਰਤੀਬੱਧਤਾ ਦੀ ਮੁੜ-ਪ੍ਰੋੜਤਾ ਦਾ ਸੰਕਲਪ ਕਰਦਾ ਹੈ। ਪੰਜਾਬ ਸਰਕਾਰ ਅਤੇ ਰਾਜ ਦੇ ਲੋਕ ਆਪਣੇ ਦੇਸ਼ ਅਤੇ ਆਪਣੇ ਸਾਥੀ ਨਾਗਰਿਕਾਂ ਪ੍ਰਤੀ ਆਪਣੇ ਕਰਤੱਵ ਪੂਰਾ ਕਰਨ ਸਬੰਧੀ ਸਾਕਾਰਾਤਮਕ ਅਤੇ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣਗੇ।

ਇਹ ਸਦਨ ਸੰਵਿਧਾਨ ਦੇ ਮੁੱਢਲੇ ਢਾਂਚੇ ਨੂੰ ਬਰਕਰਾਰ ਰੱਖਣ ਦੀ ਮਹੱਤਤਾ ਤੇ ਵੀ ਜ਼ੋਰ ਦਿੰਦਾ ਹੈ ਜਿਸ ਨਾਲ ਦੇਸ਼ ਵਿੱਚ ਲੋਕਤੰਤਰ, ਲੋਕਤੰਤਰਿਕ ਸੰਸਥਾਵਾਂ ਅਤੇ ਰਵਾਇਤਾਂ ਮਜ਼ਬੂਤ ਹੋਣਗੀਆਂ।"

ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 05 ਮਿੰਟ |
| 2. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 10 ਮਿੰਟ |
| 3. | ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ | 17 ਮਿੰਟ |
| 4. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 06 ਮਿੰਟ |
| 5. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 20 ਮਿੰਟ |
| 6. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 29 ਮਿੰਟ |
| 7. | ਸ਼੍ਰੀ ਕੰਵਰ ਸੰਧੂ, ਆਮ ਆਦਮੀ ਪਾਰਟੀ | 09 ਮਿੰਟ |
| 8. | ਡਾ. ਰਾਜ ਕੁਮਾਰ ਵੇਰਕਾ, ਇੰਡੀਅਨ ਨੈਸ਼ਨਲ ਕਾਂਗਰਸ | 13 ਮਿੰਟ |
| 9. | ਡਾ. ਸੁਖਵਿੰਦਰ ਕੁਮਾਰ, ਸ਼੍ਰੋਮਣੀ ਅਕਾਲੀ ਦਲ | 13 ਮਿੰਟ |
| 10. | ਸਰਦਾਰ ਪਰਮਿੰਦਰ ਸਿੰਘ ਪਿੰਕੀ, ਇੰਡੀਅਨ ਨੈਸ਼ਨਲ ਕਾਂਗਰਸ | 11 ਮਿੰਟ |
| 11. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 10 ਮਿੰਟ |
| 12. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 12 ਮਿੰਟ |
| 13. | ਸ਼੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 17 ਮਿੰਟ |
| 14. | ਸ਼੍ਰੀ ਸੁਸ਼ੀਲ ਕੁਮਾਰ ਰਿੰਕੂ, ਇੰਡੀਅਨ ਨੈਸ਼ਨਲ ਕਾਂਗਰਸ | 04 ਮਿੰਟ |
| 15. | ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 20 ਮਿੰਟ |
| 15. | ਸਰਦਾਰ ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 05 ਮਿੰਟ |
| 16. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 13 ਮਿੰਟ |
| 17. | ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਦਿਹਾਤੀ ਵਿਕਾਸ ਤੇ ਪੰਚਾਇਤਾਂ ਮੰਤਰੀ | 07 ਮਿੰਟ |

4. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ਼੍ਰੀ ਆਂਡਰੇ ਅਰਨ੍ਹਾ ਕੋਰਰੀਆ ਡੋ ਲਾਗੋ, ਭਾਰਤ ਵਿੱਚ ਬ੍ਰਾਜ਼ੀਲ ਦੇ ਮਾਨਯੋਗ ਰਾਜਦੂਤ ਅਤੇ ਉਨ੍ਹਾਂ ਦੀ ਸੁਪਤਨੀ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ
26 ਨਵੰਬਰ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।